# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪ੍ਰਯਾਗਰਾਜ ਵਿੱਚ ਮਹਾਕੁੰਭ ਨੇ ਉੱਭਰਦੇ ਭਾਰਤ ਦੀ ਭਾਵਨਾ ਨੂੰ ਦਰਸਾਇਆ ਏ।
- ਪਿਛਲੇ 9 ਮਹੀਨੇ ਤੋਂ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਤੇ ਫਸੇ ਪੁਲਾੜ ਯਾਤਰੀ ਸੁਨੀਤਾ ਵਿਲੀਅਮਸ ਤੇ ਬੁੱਚ ਵਿਲਮੋਰ ਕਲ ਤੜਕੇ ਧਰਤੀ ਤੇ ਪਰਤਣਗੇ।
- ਆਧਾਰ ਪਛਾਣ ਨੰਬਰਾਂ ਨੂੰ ਵੋਟਰ ਆਈ.ਡੀ. ਨਾਲ ਜੋੜਨ 'ਤੇ ਚਰਚਾ ਲਈ ਮੁਖ ਚੋਣ ਕਮਿਸ਼ਨਰ ਵਲੋਂ ਯੂ.ਆਈ.ਡੀ.ਏ.ਆਈ. ਦੇ ਮੁਖ ਕਾਰਜਕਾਰੀ ਅਧਿਕਾਰੀ ਨਾਲ ਮੀਟਿੰਗ।
- ਅੰਮ੍ਰਿਤਸਰ ਪੁਲਿਸ ਵਲੋਂ ਹੈਰੋਇਨ ਤੇ ਹਥਿਆਰ ਬਰਾਮਦ ਕਰਕੇ 2 ਔਰਤਾਂ ਸਮੇਤ 3 ਗਿਰਫ਼ਤਾਰ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੁਧਿਆਣਾ ਸਿਵਲ ਹਸਪਤਾਲ ਲੋਕਾਂ ਨੂੰ ਕੀਤਾ ਸਮਰਪਿਤ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪ੍ਰਯਾਗਰਾਜ ਵਿੱਚ ਮਹਾਕੁੰਭ ਨੇ ਉੱਭਰਦੇ ਭਾਰਤ ਦੀ ਭਾਵਨਾ ਨੂੰ ਦਰਸਾਇਆ ਏ ਤੇ ਪੂਰੀ ਦੁਨੀਆ ਨੇ ਦੇਸ਼ ਦੀ ਸ਼ਕਤੀ ਨੂੰ ਦੇਖਿਆ ਏ। ਉਨ੍ਹਾਂ ਕਿਹਾ ਕਿ ਵਿਭਿੰਨਤਾ ਵਿੱਚ ਏਕਤਾ ਭਾਰਤ ਦੀ ਇਕ ਵਿਸ਼ੇਸ਼ਤਾ ਏ, ਜੋ ਹਾਲ ਹੀ ਵਿੱਚ ਸਮਾਪਤ ਹੋਏ ਮਹਾਂਕੁੰਭ ਦੌਰਾਨ ਅਨੁਭਵ ਕੀਤੀ ਗਈ ਸੀ। ਲੋਕ ਸਭਾ ਵਿੱਚ ਮਹਾਂਕੁੰਭ 'ਤੇ ਬਿਆਨ ਦਿੰਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਜਦੋਂ ਪੂਰੀ ਦੁਨੀਆ ਚੁਣੌਤੀਪੂਰਨ ਸਮੇਂ ਵਿਚੋਂ ਗੁਜ਼ਰ ਰਹੀ ਏ, ਤਾਂ ਇਸ ਏਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਏ। ਉਨ੍ਹਾਂ ਵਿਭਿੰਨਤਾ ਵਿੱਚ ਏਕਤਾ ਦੀ ਇਸ ਵਿਸ਼ੇਸ਼ਤਾ ਨੂੰ ਅਮੀਰ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਪਾਣੀ ਸੰਭਾਲ ਦੀ ਮਹੱਤਤਾ ਤੇ ਚਾਨਣਾ ਪਾਉਂਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ, ਭਾਰਤ ਵਿੱਚ ਬਹੁਤ ਸਾਰੀਆਂ

ਨਦੀਆਂ ਨੇ , ਜਿਨ੍ਹਾਂ ਵਿੱਚੋਂ ਕੁਝ ਖ਼ਤਰੇ ਵਿੱਚ ਨੇ । ਉਨ੍ਹਾਂ ਮਹਾਂਕੁੰਭ ਤੋਂ ਪ੍ਰੇਰਨਾ ਲੈ ਕੇ ਨਦੀ ਉਤਸਵ ਦਾ ਵਿਸਤਾਰ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ । ਉਨ੍ਹਾਂ ਕਿਹਾ ਕਿ ਇਹ ਨਵੀਂ ਪੀੜ੍ਹੀ ਨੂੰ ਪਾਣੀ ਸੰਭਾਲ ਦੀ ਮਹੱਤਤਾ ਸਿਖਾਏਗਾ । ਪ੍ਰਧਾਨ ਮੰਤਰੀ ਨੇ ਕਿਹਾ, ਇਸ ਇਤਿਹਾਸਕ ਘਟਨਾ ਨੇ ਭਾਰਤ ਦੀ ਸਮਰੱਥਾ ਬਾਰੇ ਕੁਝ ਹਿੱਸਿਆਂ ਵਿੱਚ ਸ਼ੰਕਿਆਂ ਨੂੰ ਦੂਰ ਕਰ ਦਿੱਤਾ ਏ । ਉਨ੍ਹਾਂ ਪ੍ਰਯਾਗਰਾਜ ਵਿੱਚ ਮਹਾਕੁੰਭ ਦੀ ਸਫਲਤਾ ਵਿੱਚ ਯੋਗਦਾਨ ਪਾਉਣ ਵਾਲੇ ਲੋਕਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਇਤਿਹਾਸਕ ਘਟਨਾ ਨੇ ਦੇਸ਼ ਵਾਸੀਆਂ ਨੂੰ ਬਹੁਤ ਪ੍ਰੇਰਨਾ ਦਿੱਤੀ ਏ ਕਿਉਂਕਿ ਇਸ ਦੀ ਅਗਵਾਈ ਲੋਕਾਂ ਨੇ ਕੀਤੀ ਸੀ ।

---------------------------------------------------------------

ਅਮਰੀਕੀ ਪੁਲਾੜ ਏਜੇਂਸੀ, National Aeronautics and Space Administration, NASA ਨੇ ਐਲਾਨ ਕੀਤਾ ਏ ਕਿ, ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਅਤੇ ਬੁੱਚ ਵਿਲਮੋਰ, ਜੋ ਕਿ 9 ਮਹੀਨਿਆਂ ਤੋਂ ਵੱਧ ਸਮੇਂ ਤੋਂ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਫਸੇ ਹੋਏ ਸਨ, ਅੱਜ ਭਾਰਤੀ ਸਮੇਂ ਅਨੁਸਾਰ ਸਵੇਰੇ 10 ਵੱਜ ਕੇ 35 ਮਿੰਟ 'ਤੇ ਆਪਣੇ

ਸਟੇਸ਼ਨ ਤੋਂ Undock ਹੋ ਚੁਕੇ ਨੇ ਅਤੇ ਕੱਲ੍ਹ ਤੜਕੇ ਧਰਤੀ 'ਤੇ ਵਾਪਿਸ ਪਰਤ ਆਉਣਗੇ।

***ਪੇਸ਼ ਏ ਇੱਕ ਰਿਪੋਰਟ : ਪੁਲਾੜ ਯਾਤਰੀ ਸੁਨੀਤਾ ਵਿਲੀਅਮਜ਼ ਅਤੇ ਬੁੱਚ ਵਿਲਮੋਰ ਦੀ 9 ਮਹੀਨਿਆਂ ਤੋਂ ਵੱਧ ਸਮੇਂ ਤੋਂ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਫਸੇ ਹੋਣ ਤੋਂ ਬਾਅਦ ਆਖਰਕਾਰ, ਧਰਤੀ ਵੱਲ ਵਾਪਸੀ ਲਈ, ਯਾਤਰਾ ਸ਼ੁਰੂ ਹੋ ਗਈ ਏ। ਦੋਵੇਂ ਡ੍ਰੈਗਨ ਪੁਲਾੜ ਵਾਹਨ ਰਾਹੀਂ, ਕੱਲ੍ਹ ਸਵੇਰੇ 3 ਵੱਜ ਕੇ 27 ਮਿੰਟ 'ਤੇ ਧਰਤੀ 'ਤੇ ਉਤਰਨਗੇ। ਨਾਸਾ ਵੱਲੋਂ ਜਾਰੀ ਇੱਕ ਅਧਿਕਾਰਤ ਬਿਆਨ 'ਚ ਕਿਹਾ ਗਿਆ ਏ ਕਿ, ਵਾਹਨ ਲਈ ਸਾਰੇ ਹਾਲਾਤ ਅਨੁਕੂਲ ਨੇ ਅਤੇ ਸੰਭਾਵਨਾ ਏ ਕਿ, ਇਹ ਵਾਹਨ ਦੋਵਾਂ ਪੁਲਾੜ ਯਾਤਰੀਆਂ ਨੂੰ ਲੈ ਕੇ ਫਲੋਰੀਡਾ ਸਾਹਿਲ ਨੇੜੇ, ਸਮੁੰਦਰ 'ਚ ਉਤਰੇਗਾ। ਪਿੱਛੇ ਬਚੇ ਦੋ ਹੋਰ ਪੁਲਾੜ ਯਾਤਰੀਆਂ, NASA ਦੇ Nick Hague ਅਤੇ ਰੂਸੀ ਪੁਲਾੜ ਏਜੇਂਸੀ, Roscosmos ਦੇ Aleksandr Gorbunov ਨੂੰ ਵੀ ਇੱਕ SpaceX ਡਰੈਗਨ ਪੁਲਾੜ ਵਾਹਨ ਜਲਦੀ ਹੀ ਧਰਤੀ 'ਤੇ ਵਾਪਸ ਲੈ ਕੇ ਆਵੇਗਾ।ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ***

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੁਨੀਤਾ ਵਿਲੀਅਮਜ਼ ਦੀ ਸੁਰੱਖਿਅਤ ਵਾਪਸੀ ਦੀ ਕਾਮਨਾ ਕੀਤੀ ਏ। ਆਪਣੇ ਪੱਤਰ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਸੁਨੀਤਾ ਵਿਲੀਅਮਜ਼ ਨੂੰ ਪੁਲਾੜ ਤੋਂ ਵਾਪਸ ਆਉਣ ਤੋਂ ਬਾਅਦ ਭਾਰਤ ਆਉਣ ਦਾ ਸੱਦਾ ਦਿੱਤਾ ਏ।

---------------------------------------------------

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨਵੀਂ ਦਿੱਲੀ ਵਿੱਚ ਗ੍ਰਿਹ ਮੰਤਰਾਲੇ, ਵਿਧਾਨ ਵਿਭਾਗ ਦੇ ਸਕੱਤਰਾਂ ਅਤੇ ਯੂ.ਆਈ.ਡੀ.ਏ.ਆਈ. ਦੇ ਮੁਖ ਕਾਰਜਕਾਰੀ ਅਧਿਕਾਰੀ ਨਾਲ ਇੱਕ ਮੀਟਿੰਗ ਕਰ ਰਹੇ ਨੇ । ਮੀਟਿੰਗ ਦਾ ਮੁੱਖ ਏਜੰਡਾ ਆਧਾਰ ਪਛਾਣ ਨੰਬਰਾਂ ਨੂੰ ਵੋਟਰ ਆਈ.ਡੀ. ਨਾਲ ਜੋੜਨ 'ਤੇ ਚਰਚਾ ਕਰਨਾ ਏ । ਚੋਣ ਕਮਿਸ਼ਨ ਨੇ ਲੰਬੇ ਸਮੇਂ ਤੋਂ ਚੱਲ ਰਹੀਆਂ ਚੋਣ ਚੁਣੌਤੀਆਂ ਨਾਲ ਨਜਿੱਠਣ ਲਈ ਕਈ ਸਰਗਰਮ ਉਪਾਵਾਂ ਦੀ ਸ਼ੁਰੂਆਤ ਕੀਤੀ ਏ । ਮੁੱਖ ਪਹਿਲਕਦਮੀਆਂ ਵਿੱਚ ਅਗਲੇ ਤਿੰਨ ਮਹੀਨਿਆਂ ਦੇ ਅੰਦਰ ਡੁਪਲੀਕੇਟ ਵੋਟਰ ਆਈ.ਡੀ. ਮੁੱਦਿਆਂ ਨੂੰ ਹੱਲ ਕਰਨਾ ਤੇ ਫੀਲਡ-ਪੱਧਰ ਦੇ ਰਾਜਨੀਤਿਕ ਏਜੰਟਾਂ - ਜਿਵੇਂ ਕਿ

ਬੂਥ-ਪੱਧਰ, ਪੋਲਿੰਗ, ਗਿਣਤੀ ਤੇ ਚੋਣ ਏਜੰਟਾਂ - ਨੂੰ ਉਨ੍ਹਾਂ ਦੀਆਂ ਮਹੱਤਵਪੂਰਨ ਭੂਮਿਕਾਵਾਂ ਬਾਰੇ ਸਿਖਲਾਈ ਦੇਣਾ ਸ਼ਾਮਲ ਏ। ਇਸ ਤੋਂ ਇਲਾਵਾ ਪੋਲਿੰਗ ਬੂਥਾਂ 'ਤੇ ਲੰਬੀਆਂ ਕਤਾਰਾਂ ਨੂੰ ਘੱਟ ਕਰਨ ਲਈ, ਚੋਣ ਕਮਿਸ਼ਨ ਨੇ ਐਲਾਨ ਕੀਤਾ ਏ ਕਿ ਭਵਿੱਖ ਵਿੱਚ ਕਿਸੇ ਵੀ ਪੋਲਿੰਗ ਬੂਥ 'ਤੇ 1,200 ਤੋਂ ਵੱਧ ਵੋਟਰ ਨਹੀਂ ਹੋਣਗੇ।

--------------------------------------------------------

ਅੰਮ੍ਰਿਤਸਰ ਵਿੱਚ, ਪੰਜਾਬ ਪੁਲਿਸ ਨੇ ਹਰਸ਼ਾ ਛੀਨਾ ਪਿੰਡ ਦੇ ਇਕ ਵਿਅਕਤੀ ਨੂੰ 8 ਕਿਲੋ ਤੋਂ ਵੱਧ ਹੈਰੋਇਨ ਅਤੇ ਇਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਏ। ਇਕ ਹੋਰ ਘਟਨਾ ਵਿੱਚ, ਜ਼ਿਲ੍ਹਾ ਪੁਲਿਸ ਨੇ ਅੱਜ ਪਿੰਡ ਭਰੋਪਾਲ ਵਿੱਚ ਦੋ ਔਰਤਾਂ ਤੋਂ 10 ਪਿਸਤੌਲ ਅਤੇ 2 ਕਿਲੋ ਹੈਰੋਇਨ ਬਰਾਮਦ ਕੀਤੀ ਏ। ਪੁਲਿਸ ਸੂਤਰਾਂ ਨੇ ਦੱਸਿਆ ਕਿ ਹਰਸ਼ਾ ਛੀਨਾ ਪਿੰਡ ਦਾ ਗ੍ਰਿਫ਼ਤਾਰ ਵਿਅਕਤੀ ਸਰਹੱਦ ਪਾਰੋਂ ਆਉਣ ਵਾਲੇ ਨਸ਼ਾ ਤਸਕਰਾਂ ਦੇ ਸੰਪਰਕ ਵਿੱਚ ਸੀ, ਜੋ ਅਜਨਾਲਾ ਸੈਕਟਰ ਦੀ ਵਰਤੋਂ ਕਰਕੇ ਸਰਹੱਦ ਪਾਰੋਂ ਡਰੋਨ ਰਾਹੀਂ ਨਸ਼ੀਲੇ ਪਦਾਰਥਾਂ ਦੀ ਖੇਪ ਸੁੱਟ ਰਹੇ ਸਨ। ਉਸਦੇ ਸਾਥੀ ਦੀ ਵੀ ਪਛਾਣ ਕਰ ਲਈ ਗਈ ਏ, ਜੋ ਨਸ਼ੀਲੇ ਪਦਾਰਥਾਂ ਦੀ

ਤਸਕਰੀ ਵਿਚ ਸ਼ਾਮਲ ਸੀ ਅਤੇ ਉਸ ਵਿਅਕਤੀ ਦੀ ਪਛਾਣ ਕਰਨ ਲਈ ਜਾਂਚ ਜਾਰੀ ਏ । ਸੀਮਾ ਸੁਰੱਖਿਆ ਬਲ (BSF) ਅਤੇ ਪੰਜਾਬ ਪੁਲਿਸ ਵੱਲੋਂ ਸਾਂਝੇ ਤੌਰ 'ਤੇ ਕੀਤੇ ਗਏ ਇਕ ਹੋਰ ਆਪ੍ਰੇਸ਼ਨ ਵਿੱਚ, ਬੀਤੀ ਸ਼ਾਮ ਤਰਨ ਤਾਰਨ ਵਿੱਚ ਦੋ ਨਸ਼ਾ ਤਸਕਰਾਂ ਨੂੰ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ। ਉਹ ਜ਼ਿਲ੍ਹੇ ਦੇ ਚੂੰਗ ਤੇ ਮਾੜੀ ਮੈਗਾ ਪਿੰਡਾਂ ਨਾਲ ਸਬੰਧਤ ਸਨ। ਸਾਰੇ ਮਾਮਲਿਆਂ ਵਿੱਚ ਉਹਨਾਂ ਦੇ ਸਬੰਧਾਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ ।

---------------------------------------------------------

ਪੰਜਾਬ ਵਾਸੀਆਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰਨ ਦੇ ਮੰਤਵ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਨਵੀਂ ਦਿੱਖ ਮਿਲਣ ਮਗਰੋਂ ਸਿਵਲ ਹਸਪਤਾਲ ਲੁਧਿਆਣਾ ਦੇ ਲੋਕਾਂ ਨੰ ਸਮਰਪਿਤ ਕੀਤਾ। ਇਸ ਵਿਸ਼ਵ ਪੱਧਰੀ ਹਸਪਤਾਲ ਨੂੰ ਅਪਰੇਸ਼ਨ ਸਬੰਧੀ ਅਤਿ-ਆਧੁਨਿਕ ਤਕਨਾਲੋਜੀ ਤੇ ਉਪਰਕਰਨਾਂ ਨਾਲ ਲੈਸ ਕੀਤਾ ਗਿਆ ਏ , ਜਿਸ ਨਾਲ ਇੱਥੇ ਆਰਥੋਪੈਡਿਕ ਨਾਲ ਸਬੰਧਤ ਗੁੰਝਲਦਾਰ

ਪ੍ਰਕਿਰਿਆ ਨੂੰ ਕਾਰਜਕੁਸ਼ਲ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾ ਸਕੇਗਾ। ਇਸ ਆਧੁਨਿਕ ਡਿਜ਼ਾਇਨ ਨਾਲ ਹਸਪਤਾਲ ਵਿੱਚ ਰੋਗਾਣੂ ਰਹਿਤ ਮਾਹੌਲ ਯਕੀਨੀ ਬਣੇਗਾ, ਜਿਸ ਨਾਲ ਮਰੀਜ਼ਾਂ ਦੀ ਸੁਰੱਖਿਆ ਵਧੇਗੀ ਤੇ ਉਹ ਅਪਰੇਸ਼ਨ ਤੋਂ ਬਾਅਦ ਛੇਤੀ ਸਿਹਤਯਾਬ ਹੋਣਗੇ। ਇਸੇ ਤਰ੍ਹਾਂ ਓ.ਪੀ.ਡੀ., ਐਮਰਜੈਂਸੀ ਯੂਨਿਟ ਤੇ ਇਨਪੇਸ਼ੈਂਟ ਵਾਰਡਾਂ ਵਿਚਲੇ ਸਾਰੇ ਪਖ਼ਾਨਿਆਂ ਨੂੰ ਨਵੀਂ ਦਿੱਖ ਦਿੱਤੀ ਗਈ ਏ।

---------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਏ ਕਿ ਪ੍ਰੈੱਸ, ਪਬਲਿਕ ਤੇ ਪ੍ਰਸ਼ਾਸ਼ਨ ਦੇ ਆਪਸੀ ਸਹਿਯੋਗ ਨਾਲ ਹੀ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਕੇ ਵਿਕਾਸ ਦੀ ਗਤੀ ਨੂੰ ਤੇਜ਼ ਕੀਤਾ ਜਾ ਸਕਦਾ ਏ। ਇਥੇ ਮੀਡੀਆ ਦੇ ਮਾਇੰਦਿਆਂ ਨਾਲ ਕੀਤੀ ਵਿਸ਼ੇਸ਼ ਬੈਠਕ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਕਾਸ ਦੀ ਗਤੀ ਵਿਚ ਤੇਜੀ ਲਿਆਉਣ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸਾਰਥਿਕ ਸਿੱਟੇ ਤਾਂ ਹੀ ਨਿਕਲ ਸਕਦੇ ਨੇ ਜੇਕਰ ਲੋਕਤੰਤਰ ਦੇ ਚੌਥੇ ਥੰਮ ਪ੍ਰੈੱਸ ਦਾ ਜਿਲ੍ਹਾ ਪ੍ਰਸ਼ਾਸ਼ਨ ਨੂੰ ਵੱਧ ਚੜ੍ਹ ਕੇ ਸਹਿਯੋਗ ਮਿਲੇ। ਇਸ ਮੌਕੇ ਉਨ੍ਹਾਂ ਪ੍ਰੈੱਸ ਦੇ

ਨੁਮਾਇੰਦਿਆਂ ਦੀ ਹਰ ਉਸਾਰੂ ਸੋਚ ਦਾ ਸਵਾਗਤ ਕੀਤਾ ਤੇ ਜਿਲ੍ਹਾ ਪ੍ਰਸ਼ਾਸ਼ਨ ਵਲੋਂ ਕੀਤੇ ਜਾਂਦੇ ਜਿਲ੍ਹੇ ਦੇ ਵਿਕਾਸ ਜਾਂ ਲੋਕ ਮਸਲਿਆਂ ਦੇ ਹੱਲ ਲਈ ਪ੍ਰੈਸ ਦਾ ਸਾਥ ਮੰਗਿਆ। ਉਨ੍ਹਾਂ ਕਿਹਾ ਕਿ ਪ੍ਰੈਸ ਦੇ ਨੁਮਾਇੰਦੇ ਫੀਲਡ ਵਿੱਚ ਰਹਿੰਦੇ ਨੇ , ਜਿਸ ਕਰਕੇ ਉਨ੍ਹਾਂ ਨੂੰ ਪ੍ਰਸ਼ਾਸ਼ਨ ਦੇ ਕੰਮਾਂ ਵਿਚ ਕਮੀਆਂ ਨੂੰ ਦੂਰ ਕਰਵਾਉਣ ਲਈ ਜਿਲ੍ਹਾ ਪ੍ਰਸ਼ਾਸ਼ਨ ਨਾਲ ਤਾਲਮੇਲ ਕਰਨਾ ਚਾਹੀਦਾ ਏ ।

------------------------------------------------------------

ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਣਕ ਖਰੀਦਣ ਦੇ ਉਚੇਚੇ ਪ੍ਰਬੰਧ ਲਈ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੀ ਪ੍ਰਧਾਨਗੀ ਹੇਠ ਦਫਤਰ ਡਿਪਟੀ ਕਮਿਸ਼ਨਰ ਵਿਖੇ ਵੱਖ-ਵੱਖ ਖਰੀਦ ਏਂਜਸੀਆਂ ਦੇ ਅਧਿਕਾਰੀਆਂ, ਕੱਚਾ ਆੜਤੀਆਂ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਲ੍ਹੇ ਵਿਚ ਕਣਕ ਦੀ ਫਸਲ ਖਰੀਦਣ ਲਈ ਮਾਰਕੀਟ ਕਮੇਟੀਆਂ ਵਲੋਂ ਪੀਣ ਵਾਲਾ ਸਾਫ ਸੁਥਰਾ ਪਾਣੀ, ਸਾਫ ਸਫਾਈ, ਟੁਆਈਲਟ ਆਦਿ ਦੇ

ਢੁਕਵੇਂ ਪ੍ਰਬੰਧ ਕੀਤੇ ਜਾਣ ਤਾਂ ਜੋ ਕਣਕ ਦੇ ਖਰੀਦ ਸੀਜਣ ਦੌਰਾਨ ਕਿਸੇ ਵੀ ਪ੍ਰਕਾਰ ਦੀ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਜਿਲ੍ਹਾ ਫੂਡ ਅਤੇ ਸਪਲਾਈ ਕੰਟਰੋਲਰ ਸੁਖਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਜਿਲ੍ਹੇ ਵਿਚ ਕਣਕ ਦੀ ਖਰੀਦ ਲਈ ਬਾਰਦਾਨੇ ਦੀ ਕੋਈ ਕਮੀ ਨਹੀਂ ਆਵੇਗੀ। ਇਸ ਤੋਂ ਇਲਾਵਾ ਲੇਬਰ ਤੇ ਟਰਾਂਸਪੋਰਟ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇਗਾ । ਜ਼ਿਲ੍ਹਾ ਮੰਡੀ ਅਫ਼ਸਰ ਅਜੈਪਾਲ ਸਿੰਘ ਬਰਾੜ ਨੇ ਕਿਸਾਨ ਨੂੰ ਅਪੀਲ ਕੀਤੀ ਕਿ ਅਨਾਜ ਮੰਡੀਆਂ ਵਿਚ ਕਣਕ ਸਾਫ ਸੁਥਰੀ ਤੇ ਸੁੱਕੀ ਲੈ ਕੇ ਆਉਣ ਤਾਂ ਜੋ ਉਹਨਾ ਨੂੰ ਅਪਣੀ ਫਸਲ ਵੇਚਣ ਸਬੰਧੀ ਕੋਈ ਪ੍ਰੇਸਾਨੀ ਪੇਸ਼ ਨਾ ਆਵੇ । ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਅਤੇ ਅਮਲੇ ਨੂੰ ਸਖਤ ਹਦਾਇਤ ਕੀਤੀ ਕਿ ਕਣਕ ਦੇ ਖਰੀਦ ਸੀਜ਼ਣ ਦੌਰਾਨ ਆਪਸੀ ਤਾਲਮੇਲ ਰੱਖਿਆ ਜਾਵੇ ।

--------------------------------------------------

ਰਾਜ ਸਭਾ ਮੈਂਬਰ ਤੇ ਮਸ਼ਹੂਰ ਕ੍ਰਿਕਟਰ ਹਰਭਜਨ ਸਿੰਘ ਨੇ ਅੱਜ ਆਪਣੇ ਐਮਪੀ ਲੇਡ ਫੰਡ ਵਿੱਚੋਂ ਜਲੰਧਰ ਦੇ ਸਿਵਲ ਸਰਜਨ ਦਫਤਰ ਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ ਤਿੰਨ ਐਂਬੂਲੈਂਸਾਂ ਭੇਟ ਕੀਤੀਆਂ। ਇਨ੍ਹਾਂ

ਐਂਬੂਲੈਂਸਾਂ ਦੀ ਵਰਤੋਂ ਜ਼ਿਲ੍ਹੇ ਦੇ ਮਰੀਜ਼ਾਂ ਨੂੰ ਲਿਜਾਣ ਲਈ ਕੀਤੀ ਜਾਵੇਗੀ, ਜਿਸ ਨਾਲ ਉਨ੍ਹਾਂ ਦਾ ਤੁਰੰਤ ਇਲਾਜ ਤੇ ਸੁਰੱਖਿਅਤ ਆਵਾਜਾਈ ਯਕੀਨੀ ਬਣਾਈ ਜਾ ਸਕੇਗੀ। ਇਸ ਤੋਂ ਇਲਾਵਾ, ਰਾਜ ਸਭਾ ਮੈਂਬਰ ਨੇ ਅਪਾਹਜਾਂ ਦੀਆਂ ਸਹੂਲਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ ਪੰਜ ਬੈਟਰੀ ਨਾਲ ਚੱਲਣ ਵਾਲੀਆਂ ਵ੍ਹੀਲਚੇਅਰਾਂ ਵੀ ਪ੍ਰਦਾਨ ਕੀਤੀਆਂ। ਇਹ ਵ੍ਹੀਲਚੇਅਰ ਅਪਾਹਜਾਂ ਦੀ ਆਸਾਨੀ ਨਾਲ ਆਵਾਜਾਈ ਲਈ ਮਦਦਗਾਰ ਸਾਬਤ ਹੋਣਗੀਆਂ। ਇਸ ਮੌਕੇ ਡਿਪਟੀ ਕਮਿਸ਼ਨਰ ਜਲੰਧਰ ਡਾ. ਹਿਮਾਂਸ਼ੂ ਅਗਰਵਾਲ ਵੀ ਮੌਜੂਦ ਸਨ । ਐਂਬੂਲੈਂਸਾਂ ਨੂੰ ਹਰੀ ਝੰਡੀ ਦਿਖਾਉਂਦੇ ਹੋਏ ਹਰਭਜਨ ਸਿੰਘ ਨੇ ਕਿਹਾ ਕਿ ਇਨ੍ਹਾਂ ਵਿੱਚੋਂ 2 ਐਂਬੂਲੈਂਸਾਂ ਸਿਵਲ ਸਰਜਨ ਦਫਤਰ ਨੂੰ ਤੇ 1 ਐਂਬੂਲੈਂਸ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ ਦਿੱਤੀ ਗਈ ਏ ।

---------------------------------------------------

ਪੰਜਾਬ ਸਰਕਾਰ ਵਲੋਂ ਵਿਧਾਨ ਸਭਾ ਹਲਕਾ ਚੱਬੇਵਾਲ ਦੀ ਚੱਬੇਵਾਲ-ਬਜਰਾਵਰ-ਪੱਟੀ-ਸਸੋਲੀ ਤੋਂ ਸੀਣਾ ਲਿੰਕ ਰੋਡ ਨੂੰ ਬਣਾਉਣ ਅਤੇ ਚੌੜਾ ਕਰਨ ਦੇ ਕਾਰਜ਼ ਨੂੰ ਪ੍ਰਵਾਨਗੀ ਦਿੱਤੀ ਗਈ ਏ। ਜਾਣਕਾਰੀ ਦਿੰਦਿਆਂ

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ  ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕਰੀਬ 4 ਕਰੋੜ ਰੁਪਏ ਦੀ ਲਾਗਤ ਨਾਲ ਇਹ ਸੜਕ ਬਣਾਈ ਜਾਵੇਗੀ, ਜਿਸ ਦੇ ਬਣਨ ਨਾਲ ਪਿੰਡਾਂ ਦੇ ਹਜ਼ਾਰਾਂ ਲੋਕਾਂ ਦੀ ਰੋਜ਼ਾਨਾ ਆਵਾਜਾਈ ਬਹੁਤ ਸੁਖਾਲੀ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸੜਕ ਦਾ ਨਾਮ ਪ੍ਰਸਿੱਧ ਪੰਜਾਬੀ ਗਾਇਕ ਡਾ. ਸਤਿੰਦਰ ਸਰਤਾਜ ਦੇ ਨਾਮ ’ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ ਡਾ. ਸਤਿੰਦਰ ਸਰਤਾਜ ਮਾਰਗ ਦਾ ਕੰਮ ਜਲਦ ਸ਼ੁਰੂ ਕਰਦਿਆਂ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਮੁਕੰਮਲ ਕਰਵਾ ਕੇ ਪਿੰਡ ਬਜਰਾਵਰ ਦੀ ਪੰਚਾਇਤ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਦੀ ਇਹ ਮੰਗ ਪੂਰੀ ਕੀਤੀ ਜਾਵੇਗੀ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਹੋਰ ਵੀ ਵਧੇਰੇ ਸਰਬਪੱਖੀ ਵਿਕਾਸ ਲਈ ਉਹ ਲਗਾਤਾਰ ਯਤਨਸ਼ੀਲ ਨੇ ।

---

**<u>ਆਖਿਰ ’ਚ ਮੁੱਖ ਖਬਰਾਂ ਇਕ ਵਾਰ ਫਿਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਕਿਹਾ ਏ  ਕਿ ਪ੍ਰਯਾਗਰਾਜ ਵਿੱਚ ਮਹਾਕੁੰਭ ਨੇ ਉੱਭਰਦੇ ਭਾਰਤ ਦੀ ਭਾਵਨਾ ਨੂੰ ਦਰਸਾਇਆ ਏ।

- ਪਿਛਲੇ 9 ਮਹੀਨੇ ਤੋਂ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਤੇ ਫਸੇ ਪੁਲਾੜ ਯਾਤਰੀ ਸੁਨੀਤਾ ਵਿਲੀਅਮਸ ਤੇ ਬੁੱਚ ਵਿਲਮੋਰ ਕਲ ਤੜਕੇ ਧਰਤੀ ਤੇ ਪਰਤਣਗੇ ।
- ਆਧਾਰ ਪਛਾਣ ਨੰਬਰਾਂ ਨੂੰ ਵੋਟਰ ਆਈ.ਡੀ. ਨਾਲ ਜੋੜਨ 'ਤੇ ਚਰਚਾ ਲਈ ਮੁਖ ਚੋਣ ਕਮਿਸ਼ਨਰ ਵਲੋਂ ਯੂ.ਆਈ.ਡੀ.ਏ.ਆਈ. ਦੇ ਮੁਖ ਕਾਰਜਕਾਰੀ ਅਧਿਕਾਰੀ ਨਾਲ ਮੀਟਿੰਗ ।
- ਅੰਮ੍ਰਿਤਸਰ ਪੁਲਿਸ ਵਲੋਂ ਹੈਰੋਇਨ ਤੇ ਹਥਿਆਰ ਬਰਾਮਦ ਕਰਕੇ 2 ਔਰਤਾਂ ਸਮੇਤ 3 ਗਿਰਫ਼ਤਾਰ।
- ਮੁਖ ਮੰਤਰੀ ਭਗਵੰਤ ਸਿੰਘ ਮਾਨ ਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੁਧਿਆਣਾ ਸਿਵਲ ਹਸਪਤਾਲ ਲੋਕਾਂ ਨੂੰ ਕੀਤਾ ਸਮਰਪਿਤ।